# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ : 16-10-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਆਂਧਰਾ ਪ੍ਰਦੇਸ਼ ਦੇ ਕੁਰਨੂਲ ਵਿੱਚ ਲਗਭਗ 13 ਹਜ਼ਾਰ 430 ਕਰੋੜ ਰੁਪਏ ਦੇ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕਰਨਗੇ। ਸ਼੍ਰੀ ਮੋਦੀ ਅੱਜ ਸਵੇਰੇ ਆਂਧਰਾ ਪ੍ਰਦੇਸ਼ ਪਹੁੰਚੇ ਜਿਥੇ ਮੁੱਖ ਮੰਤਰੀ ਐਨ. ਚੰਦਰਬਾਬੂ ਨਾਇਡੂ ਨੇ ਉਨ੍ਹਾਂ ਦਾ ਸਵਾਗਤ ਕੀਤਾ। ਇਸ ਮੌਕੇ ਰਾਜਪਾਲ ਐਸ. ਅਬਦੁਲ ਨਜ਼ੀਰ ਅਤੇ ਰਾਜ ਮੰਤਰੀ ਨਾਰਾ ਲੋਕੇਸ਼ ਵੀ ਮੌਜੂਦ ਸਨ। ਇਹ ਪ੍ਰੋਜੈਕਟ ਉਦਯੋਗ, ਬਿਜਲੀ, ਸੜਕਾਂ, ਰੇਲਵੇ, ਰੱਖਿਆ ਨਿਰਮਾਣ, ਅਤੇ ਪੈਟਰੋਲੀਅਮ ਅਤੇ ਕੁਦਰਤੀ ਗੈਸ ਨਾਲ ਸਬੰਧਤ ਹਨ। ਸ਼੍ਰੀ ਮੋਦੀ ਇਸ ਮੌਕੇ ਇੱਕ ਜਨਤਕ ਮੀਟਿੰਗ ਨੂੰ ਵੀ ਸੰਬੋਧਨ ਕਰਨਗੇ।

---------------------------------------------------------------------------------

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਉੱਘੇ ਕਾਰੋਬਾਰੀਆਂ ਨਾਲ ਮੀਟਿੰਗਾਂ ਦੌਰਾਨ ਪੰਜਾਬ ਨੂੰ ਦੁਨੀਆ ਦੇ ਸਭ ਤੋਂ ਬਿਹਤਰੀਨ ਪੂੰਜੀਕਾਰੀ ਸਥਾਨਾਂ ਵਿੱਚੋਂ ਇੱਕ ਦੱਸਿਆ ਏ। ਇਕ ਸਰਕਾਰੀ ਬੁਲਾਰੇ ਮੁਤਾਬਿਕ ਬੀਤੇ ਦਿਨ

ਬੰਗਲੁਰੂ ਵਿਖੇ ਸਨਅਤਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਪੰਜਾਬ ਨੂੰ ਅਥਾਹ ਸੰਭਵਾਨਾਵਾਂ ਦੀ ਧਰਤੀ ਵਜੋਂ ਪੇਸ਼ ਕਰਦਿਆਂ ਨਾਮੀ ਕੰਪਨੀਆਂ ਨੂੰ ਸੂਬੇ ਵਿੱਚ ਪੂੰਜੀਕਾਰੀ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਦੇਸ਼ ਦੇ ਸਨਅਤੀ ਕੇਂਦਰ ਵਜੋਂ ਤੇਜ਼ੀ ਨਾਲ ਉੱਭਰ ਰਹੇ ਸੂਬੇ ਵਿੱਚ ਪੂੰਜੀਕਾਰੀ ਕਰਕੇ ਸਨਅਤਕਾਰਾਂ ਨੂੰ ਵੱਡੇ ਪੱਧਰ ‘ਤੇ ਲਾਭ ਹੋਵੇਗਾ। ਮੁੱਖ ਮੰਤਰੀ ਨੇ ਸਨਅਤਕਾਰਾਂ ਨੂੰ ਪ੍ਰਗਤੀਸੀਲ ਪੰਜਾਬ ਨਿਵੇਸ਼ਕ ਸੰਮੇਲਨ ਦੇ ਛੇਵੇਂ ਐਡੀਸ਼ਨ ਲਈ ਸੱਦਾ ਦਿੱਤਾ ਅਤੇ ਕਿਹਾ ਕਿ ਇਹ ਸੰਮੇਲਨ 13, 14 ਅਤੇ 15 ਮਾਰਚ, 2026 ਨੂੰ ਮੋਹਾਲੀ ਵਿਖੇ ਹੋਵੇਗਾ ਅਤੇ ਇਸ ਦੌਰਾਨ ਸਨਅਤਕਾਰ, ਨੀਤੀ-ਘਾੜੇ ਅਤੇ ਖੋਜਕਾਰ ਪੰਜਾਬ ਦੇ ਉਦਯੋਗਿਕ ਖੇਤਰ ਨੂੰ ਹੋਰ ਬੁਲੰਦਿਆਂ ‘ਤੇ ਲਿਜਾਣ ਬਾਰੇ ਵਿਚਾਰ ਸਾਂਝੇ ਕਰਨਗੇ ਅਤੇ ਸਹਿਯੋਗ ਦੇਣ ਲਈ ਇਕੱਠੇ ਹੋਣਗੇ।

--------------------------------------------------------------------------------

ਪੰਜਾਬ ਸਰਕਾਰ ਨੇ ਦੀਵਾਲੀ ਤੋਂ ਪਹਿਲਾਂ ਹੜ੍ਹ ਪੀੜਤਾਂ ਲਈ ਰਾਹਤ ਦੇ ਤੌਰ ‘ਤੇ 6.3 ਕਰੋੜ ਰੁਪਏ ਦੀ ਮੁਆਵਜ਼ਾ ਰਾਸ਼ੀ ਵੰਡੀ ਏ। 12 ਕੈਬਨਿਟ ਮੰਤਰੀਆਂ ਵੱਲੋਂ ਬੀਤੇ ਕੱਲ੍ਹ "ਮਿਸ਼ਨ ਪੁਨਰਵਾਸ" ਤਹਿਤ ਸੂਬੇ ਭਰ ਦੇ ਪ੍ਰਭਾਵਿਤ ਪਰਿਵਾਰਾਂ ਨੂੰ ਹੜ੍ਹ ਰਾਹਤ ਰਾਸ਼ੀ ਦੇ ਪ੍ਰਵਾਨਗੀ ਪੱਤਰ ਸੌਂਪੇ ਗਏ। ਦੱਸਣਯੋਗ ਹੈ ਕਿ 13 ਅਕਤੂਬਰ ਨੂੰ ਮੁੱਖ ਮੰਤਰੀ ਵੱਲੋਂ ਅਜਨਾਲਾ

ਤੋਂ 631 ਪਰਿਵਾਰਾਂ ਨੂੰ 5.70 ਕਰੋੜ ਰੁਪਏ ਦੀ ਮੁਆਵਜ਼ਾ ਰਾਸ਼ੀ ਵੰਡ ਕੇ ਰਾਜ ਵਿਆਪੀ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਸੀ। ਪਾਰਦਰਸ਼ਤਾ ਨੂੰ ਯਕੀਨੀ ਬਣਾਉਣ ਲਈ ਇਹ ਰਕਮ ਸਿੱਧੇ ਤੌਰ ’ਤੇ ਲਾਭਪਾਤਰੀਆਂ ਦੇ ਖਾਤਿਆਂ ਵਿੱਚ ਸਿੱਧੇ ਲਾਭ ਟਰਾਂਸਫਰ (ਡੀਬੀਟੀ) ਰਾਹੀਂ ਪਾਈ ਗਈ ਏ। ਵਿਸ਼ੇਸ਼ ਗਿਰਦਾਵਰੀ ਟੀਮਾਂ ਨੇ ਲਗਭਗ ਹਰ ਹੜ੍ਹ ਪ੍ਰਭਾਵਿਤ ਪਰਿਵਾਰ ਨੂੰ ਕਵਰ ਕੀਤਾ ਏ ਅਤੇ ਇਸ ਦੇ ਨਾਲ ਹੀ ਇਹ ਯਕੀਨੀ ਬਣਾਇਆ ਜਾ ਰਿਹਾ ਏ ਕਿ ਨੁਕਸਾਨੀਆਂ ਗਈਆਂ ਸੜਕਾਂ ਦੀ ਜਲਦ ਤੋਂ ਜਲਦ ਮੁਰੰਮਤ ਅਤੇ ਮੁੜ ਨਿਰਮਾਣ ਦਾ ਕਾਰਜ ਮੁਕੰਮਲ ਕੀਤਾ ਜਾਵੇ। -

------------------------------------------------------------------------

ਇਸੇ ਦੌਰਾਨ ਪੰਜਾਬ ਦੇ ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਕਿਹਾ ਏ ਕਿ ਆਉਣ ਵਾਲੇ ਦਿਨਾਂ ਵਿੱਚ ਪੰਜਾਬ ਸਰਕਾਰ ਵਲੋਂ ਜਲੰਧਰ ਜ਼ਿਲ੍ਹੇ ਵਿੱਚ ਹੜ੍ਹ ਪੀੜਤਾਂ ਨੂੰ 13 ਕਰੋੜ ਰੁਪਏ ਦੀ ਮੁਆਵਜ਼ਾ ਰਾਸ਼ੀ ਦੀ ਵੰਡ ਕੀਤੀ ਜਾਵੇਗੀ। ਕੱਲ੍ਹ ਸ਼ਾਮ ਜ਼ਿਲ੍ਹੇ ਦੇ ਪਿੰਡ ਮੂਲੇਵਾਲ ਅਰਾਈਆਂ, ਸੀਚੇਵਾਲ, ਨਾਰੰਗਪੁਰ, ਸੋਹਲ ਖਾਲਸਾ, ਬਿੱਲੀ ਵੜੈਚ ਦੇ 47 ਹੜ੍ਹ ਪੀੜਤ ਕਿਸਾਨਾਂ ਨੂੰ ‘ਮਿਸ਼ਨ ਪੁਨਰਵਾਸ’ ਤਹਿਤ ਮੁਆਵਜ਼ਾ ਰਾਸ਼ੀ ਦੇ ਮਨਜ਼ੂਰੀ ਪੱਤਰ ਸੌਂਪਦਿਆਂ ਮੰਤਰੀ ਭਗਤ ਨੇ ਕਿਹਾ ਕਿ ਸੂਬੇ ਵਿੱਚ ਆਏ ਹੜ੍ਹਾਂ ਕਾਰਨ ਖੇਤੀ ਯੋਗ ਜ਼ਮੀਨ, ਫ਼ਸਲਾਂ, ਜਾਇਦਾਦਾਂ, ਪਸ਼ੂਆਂ ਆਦਿ ਦਾ ਕਾਫੀ ਨੁਕਸਾਨ ਹੋਇਆ ਏ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਲੋਕਾਂ

ਨੂੰ ਰਾਹਤ ਪਹੁੰਚਾਉਣ ਲਈ ਤੁਰੰਤ ਜ਼ਮੀਨੀ ਪੱਧਰ ’ਤੇ ਕੰਮ ਸ਼ੁਰੂ ਕਰਦਿਆਂ ਗਿਰਦਾਵਰੀ ਕਰਵਾਈ ਅਤੇ ਹੁਣ ਪੀੜਤਾਂ ਨੂੰ ਮੁਆਵਜ਼ਾ ਮੁਹੱਈਆ ਕਰਵਾਉਣਾ ਸ਼ੁਰੂ ਕਰ ਦਿੱਤਾ ਗਿਆ ਏ।

-----------------------------------------------------------------------

ਡੀ.ਆਈ.ਜੀ. ਬਾਰਡਰ ਰੇਂਜ ਨਾਨਕ ਸਿੰਘ ਨੇ ਦੱਸਿਆ ਕਿ ਅੰਮ੍ਰਿਤਸਰ ਦਿਹਾਤੀ ਪੁਲਿਸ ਵੱਲੋਂ ਹਾਲੀਆ ਰਿਕਵਰੀ ਦੌਰਾਨ ਇੱਕ IED, ਤਿੰਨ ਹੈਂਡ ਗ੍ਰਨੇਡ, ਰਿਮੋਟ ਕੰਟਰੋਲ ਬੈਟਰੀਆਂ ਅਤੇ ਵਿਸਫੋਟਕ ਸਾਮਾਨ ਬਰਾਮਦ ਹੋਇਆ ਏ।

Byte

ਡੀ.ਆਈ.ਜੀ. ਨੇ ਕਿਹਾ ਕਿ ਇਹ ਰਿਕਵਰੀ ਸਿਰਫ਼ ਇੱਕ ਕੜੀ ਏ। ਅੰਮ੍ਰਿਤਸਰ ਪੁਲਿਸ ਵੱਲੋਂ ਦਹਿਸ਼ਤਗਰਦੀ, ਗੈਂਗਸਟਰ ਤੇ ਨਸ਼ੇ ਦੀ ਤਸਕਰੀ ਖ਼ਿਲਾਫ਼ ਲਗਾਤਾਰ ਮੁਹਿੰਮ ਜਾਰੀ ਏ ਅਤੇ ਇਹ ਆਪਰੇਸ਼ਨ ਹੋਰ ਤੇਜ਼ ਕੀਤੇ ਜਾਣਗੇ।

-----------------------------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ 28 ਨਵੇਂ ਭਰਤੀ ਹੋਏ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ। ਇਨ੍ਹਾਂ ਵਿੱਚ 25 ਵੈਟਰਨਰੀ ਇੰਸਪੈਕਟਰ ਤੇ ਤਿੰਨ ਕਲਰਕ ਸ਼ਾਮਲ ਨੇ। ਨਵੇਂ ਭਰਤੀ ਹੋਏ

ਮੁਲਾਜ਼ਮਾਂ ਨੂੰ ਵਧਾਈ ਦਿੰਦਿਆਂ ਮੰਤਰੀ ਖੁੱਡੀਆਂ ਨੇ ਉਨ੍ਹਾਂ ਨੂੰ ਪੂਰੀ ਲਗਨ ਤੇ ਇਮਾਨਦਾਰੀ ਨਾਲ ਆਪਣੀ ਡਿਊਟੀ ਨਿਭਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਜਨਤਕ ਸੇਵਾ ਵਿੱਚ ਇਮਾਨਦਾਰੀ ਅਤੇ ਜ਼ਿੰਮੇਵਾਰੀ ਦੀ ਭਾਵਨਾ ਬੇਹੱਦ ਜ਼ਰੂਰੀ ਏ। ਕਿਸਾਨਾਂ ਦੀ ਸਹਾਇਤਾ ਅਤੇ ਪੇਂਡੂ ਆਰਥਿਕਤਾ ਨੂੰ ਹੁਲਾਰਾ ਦੇਣ ਵਿੱਚ ਵਿਭਾਗ ਦੀ ਮਹੱਤਵਪੂਰਨ ਭੂਮਿਕਾ ਨੂੰ ਉਜਾਗਰ ਕਰਦਿਆਂ ਉਨ੍ਹਾਂ ਦੱਸਿਆ ਕਿ ਇਹ ਭਰਤੀ ਵਿਭਾਗ ਦੀ ਕਾਰਜਸ਼ੀਲਤਾ ਅਤੇ ਸੇਵਾਵਾਂ ਪ੍ਰਦਾਨ ਕਰਨ ਦੀ ਪ੍ਰਕਿਰਿਆ ਵਿੱਚ ਸੁਧਾਰ ਦੇ ਨਾਲ-ਨਾਲ ਪੰਜਾਬ ਵਿੱਚ ਪਸ਼ੂ ਸਿਹਤ ਸੰਭਾਲ ਸੇਵਾਵਾਂ ਨੂੰ ਹੋਰ ਬਿਹਤਰ ਬਣਾਉਣ ਵਿੱਚ ਮਦਦ ਕਰੇਗੀ।

------------------------------------------------------------------------------------------

ਦੀਵਾਲੀ ਦੇ ਮੱਦੇਨਜ਼ਰ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਚੰਡੀਗੜ੍ਹ ਵਿਖੇ ਨਾਰੀ ਨਿਕੇਤਨ, ਸੀਨੀਅਰ ਸਿਟੀਜ਼ਨਜ਼ ਹੋਮ, ਅਤੇ ਚੰਡੀ ਕੁਸ਼ਟ ਆਸ਼ਰਮ ਸਮੇਤ ਕਈ ਕਲਿਆਣਕਾਰੀ ਸੰਸਥਾਵਾਂ ਦਾ ਦੌਰਾ ਕੀਤਾ। ਇਨ੍ਹਾਂ ਦੌਰਿਆਂ ਦੌਰਾਨ, ਰਾਜਪਾਲ ਨੇ ਸਾਰਿਆਂ ਨਾਲ ਸਾਰਥਕ ਗੱਲਬਾਤ ਕੀਤੀ । ਰਾਜਪਾਲ ਨੇ ਕਿਹਾ ਕਿ ਇਹ ਸਾਡੇ ਪਰਿਵਾਰ ਦੇ ਮੈਂਬਰ ਹਨ। ਇਨ੍ਹਾਂ ਦੀ ਦੀਵਾਲੀ ਉਸੇ ਤਰ੍ਹਾਂ ਹੀ ਮਨਾਈ ਜਾਣੀ ਚਾਹੀਦੀ ਏ ਜਿਵੇਂ ਅਸੀਂ ਆਪਣੇ ਘਰਾਂ ਵਿੱਚ ਮਨਾਉਂਦੇ ਹਾਂ। ਇਸ ਦੌਰਾਨ ਸ਼੍ਰੀ

ਕਟਾਰੀਆ ਨੇ ਦੇਖਭਾਲ਼, ਹਮਦਰਦੀ ਅਤੇ ਸਮਾਵੇਸ਼ਤਾ ਦੇ ਮਹੱਤਵ 'ਤੇ ਜ਼ੋਰ ਦਿੱਤਾ।

--------------------------------------------------------------------------------